ਬਿਲਾਵਲੁ ਮਹਲਾ ੫ ॥ ਅਹੰਬੁਧਿ ਪਰਬਾਦ ਨੀਤ ਲੋਭ ਰਸਨਾ ਸਾਦਿ ॥ ਲਪਟਿ ਕਪਟਿ ਗ੍ਰਿਹਿ ਬੇਧਿਆ ਮਿਥਿਆ ਬਿਖਿਆਦਿ ॥੧॥ ਐਸੀ ਪੇਖੀ ਨੇਤ੍ਰ ਮਹਿ ਪੂਰੇ ਗੁਰ ਪਰਸਾਦਿ ॥ ਰਾਜ ਮਿਲਖ ਧਨ ਜੋਬਨਾ ਨਾਮੈ ਬਿਨੁ ਬਾਦਿ ॥੧॥ ਰਹਾਉ ॥ ਰੂਪ ਧੂਪ ਸੋਗੰਧਤਾ ਕਾਪਰ ਭੋਗਾਦਿ ॥ ਮਿਲਤ ਸੰਗਿ ਪਾਪਿਸਟ ਤਨ ਹੋਏ ਦੁਰਗਾਦਿ ॥੨॥ ਫਿਰਤ ਫਿਰਤ ਮਾਨੁਖੁ ਭਇਆ ਖਿਨ ਭੰਗਨ ਦੇਹਾਦਿ ॥ ਇਹ ਅਉਸਰ ਤੇ ਚੂਕਿਆ ਬਹੁ ਜੋਨਿ ਭ੍ਰਮਾਦਿ ॥੩॥ ਪ੍ਰਭ ਕਿਰਪਾ ਤੇ ਗੁਰ ਮਿਲੇ ਹਰਿ ਹਰਿ ਬਿਸਮਾਦ ॥ ਸੂਖ ਸਹਜ ਨਾਨਕ ਅਨੰਦ ਤਾ ਕੈ ਪੂਰਨ ਨਾਦ ॥੪॥੮॥੩੮॥ {ਪੰਨਾ 810}

ਪਦਅਰਥ:- ਅਹੰਬੁਧਿ—{AhzbuiÆd} ਮੈਂ ਮੈਂ ਕਰਨ ਵਾਲੀ ਅਕਲ। ਪਰਬਾਦ—{pRvwd, ਪ੍ਰਵਾਦ} ਦੂਜਿਆਂ ਨੂੰ ਵੰਗਾਰਨ ਵਾਸਤੇ ਜੋਸ਼-ਭਰੇ ਖਰ੍ਹਵੇ ਬੋਲ। ਨੀਤ—ਨਿੱਤ, ਸਦਾ। ਸਾਦਿ—ਸੁਆਦ ਵਿਚ। ਰਸਨਾ—ਜੀਭ। ਲਪਟਿ—ਲਪਟ ਕੇ, ਫਸ ਕੇ। ਕਪਟਿ—ਕਪਟ ਵਿਚ, ਠੱਗੀ-ਫ਼ਰੇਬ ਵਿਚ। ਗ੍ਰਿਹਿ—ਘਰ (ਦੇ ਮੋਹ) ਵਿਚ। ਮਿਥਿਆ—ਨਾਸਵੰਤ। ਬਿਖਿਆਦਿ—ਬਿਖਿਆ ਆਦਿ, ਮਾਇਆ ਆਦਿਕ।1।

ਪੇਖੀ—ਵੇਖੀ ਹੈ। ਮਹਿ—ਵਿਚ। ਗੁਰ ਪਰਸਾਦਿ—ਗੁਰੂ ਦੀ ਕਿਰਪਾ ਨਾਲ। ਬਾਦਿ—ਵਿਅਰਥ।1। ਰਹਾਉ।

ਧੂਪ—ਧੁਖਾਣ ਵਾਲੀਆਂ ਸੁਗੰਧੀ ਵਾਲੀਆਂ ਚੀਜ਼ਾਂ। ਸੋਗੰਧਤਾ—ਖ਼ੁਸ਼ਬੂ। ਕਾਪਰ—ਕੱਪੜੇ। ਭੋਗਾਦਿ—ਭੋਗ ਆਦਿ, ਖਾਣ ਵਾਲੇ ਚੰਗੇ ਪਦਾਰਥ। ਸੰਗਿ—ਨਾਲ। ਪਾਪਿਸਟ—ਮਹਾਂ ਪਾਪੀ। ਤਨ—ਸਰੀਰ। ਦੁਰਗਾਦਿ—ਦੁਰਗੰਧੀ।

ਫਿਰਤ ਫਿਰਤ—(ਕਈ ਜੂਨਾਂ ਵਿਚ) ਭਟਕਦਾ ਭਟਕਦਾ। ਖਿਨ ਭੰਗਨ—ਇਕ ਖਿਨ ਵਿਚ ਨਾਸ ਹੋ ਜਾਣ ਵਾਲਾ। ਦੇਹਾਦਿ—ਦੇਹ, ਸਰੀਰ। ਅਉਸਰ—ਮੌਕਾ, ਵੇਲਾ। ਤੇ—ਤੋਂ। ਚੂਕਿਆ—ਖੁੰਝਿਆ। ਭ੍ਰਮਾਦਿ—ਭਟਕਦਾ ਹੈ।3।

ਕਿਰਪਾ ਤੇ—ਕਿਰਪਾ ਤੋਂ, ਕਿਰਪਾ ਨਾਲ। ਬਿਸਮਾਦ—ਅਸਚਰਜ-ਰੂਪ। ਤਾ ਕੈ—ਉਸ (ਮਨੁੱਖ) ਦੇ ਹਿਰਦੇ ਵਿਚ। ਨਾਦ—ਧੁਨੀ, ਸ਼ਬਦ, ਵਾਜੇ। ਸਹਜ—ਆਤਮਕ ਅਡੋਲਤਾ।4।

ਅਰਥ:- ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੈਂ ਆਪਣੀ ਅੱਖੀਂ ਹੀ (ਜਗਤ ਦੇ ਪਦਾਰਥਾਂ ਦੀ) ਇਹੋ ਜਿਹੀ ਹਾਲਤ ਵੇਖ ਲਈ ਹੈ (ਕਿ ਦੁਨੀਆ ਦੀਆਂ) ਪਾਤਸ਼ਾਹੀਆਂ, ਜ਼ਮੀਨਾਂ (ਦੀ ਮਾਲਕੀ), ਧਨ ਅਤੇ ਜੁਆਨੀ (ਆਦਿਕ ਸਾਰੇ ਹੀ) ਪਰਮਾਤਮਾ ਦੇ ਨਾਮ ਤੋਂ ਬਿਨਾ ਵਿਅਰਥ ਹਨ।1। ਰਹਾਉ।

(ਪ੍ਰਭੂ ਦੇ ਨਾਮ ਤੋਂ ਖੁੰਝ ਕੇ ਮਨੁੱਖ) ਅਹੰਕਾਰ ਦੀ ਅਕਲ ਦੇ ਆਸਰੇ ਦੂਜਿਆਂ ਨੂੰ ਵੰਗਾਰਨ ਦੇ ਖਰ੍ਹਵੇ ਬੋਲ ਬੋਲਦਾ ਹੈ, ਸਦਾ ਲਾਲਚ ਅਤੇ ਜੀਭ ਦੇ ਸੁਆਦ ਵਿਚ (ਫਸਿਆ ਰਹਿੰਦਾ ਹੈ); ਘਰ (ਦੇ ਮੋਹ) ਵਿਚ, ਠੱਗੀ-ਫ਼ਰੇਬ ਵਿਚ ਫਸ ਕੇ, ਨਾਸਵੰਤ ਮਾਇਆ (ਦੇ ਮੋਹ) ਵਿਚ ਵਿੱਝਾ ਰਹਿੰਦਾ ਹੈ।1।

(ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਮਹਾ ਵਿਕਾਰੀ ਮਨੁੱਖ (ਸਰੀਰ ਦਾ ਮਾਣ ਕਰਦਾ ਹੈ, ਪਰ ਇਸ) ਸਰੀਰ ਦੇ ਨਾਲ ਛੁਹ ਕੇ ਸੋਹਣੇ ਸੋਹਣੇ ਪਦਾਰਥ, ਧੂਪ ਆਦਿਕ ਸੁਗੰਧੀਆਂ, ਕੱਪੜੇ, ਚੰਗੇ ਚੰਗੇ ਖਾਣੇ (ਇਹ ਸਾਰੇ ਹੀ) ਦੁਰਗੰਧੀ ਦੇਣ ਵਾਲੇ ਬਣ ਜਾਂਦੇ ਹਨ।2।

ਹੇ ਭਾਈ! ਅਨੇਕਾਂ ਜੂਨਾਂ ਵਿਚ ਭਟਕਦਾ ਭਟਕਦਾ ਜੀਵ ਮਨੁੱਖ ਬਣਦਾ ਹੈ, ਇਹ ਸਰੀਰ ਭੀ ਇਕ ਖਿਨ ਵਿਚ ਨਾਸ ਹੋ ਜਾਣ ਵਾਲਾ ਹੈ (ਇਸ ਦਾ ਮਾਣ ਭੀ ਕਾਹਦਾ? ਇਸ ਸਰੀਰ ਵਿਚ ਭੀ ਪਰਮਾਤਮਾ ਦੇ ਨਾਮ ਤੋਂ ਖੁੰਝਿਆ ਰਹਿੰਦਾ ਹੈ)। ਇਸ ਮੌਕੇ ਤੋਂ ਖੁੰਝਿਆ ਹੋਇਆ ਜੀਵ (ਫਿਰ) ਅਨੇਕਾਂ ਜੂਨਾਂ ਵਿਚ ਜਾ ਭਟਕਦਾ ਹੈ।3।

ਹੇ ਨਾਨਕ! ਪਰਮਾਤਮਾ ਦੀ ਕਿਰਪਾ ਨਾਲ ਜੇਹੜੇ ਮਨੁੱਖ ਗੁਰੂ ਨੂੰ ਮਿਲ ਪਏ, ਉਹਨਾਂ ਨੇ ਅਚਰਜ-ਰੂਪ ਹਰੀ ਦਾ ਨਾਮ ਜਪਿਆ, ਉਹਨਾਂ ਦੇ ਹਿਰਦੇ ਵਿਚ ਆਤਮਕ ਅਡੋਲਤਾ ਦੇ ਸੁਖ ਆਨੰਦ ਦੇ ਵਾਜੇ ਸਦਾ ਵੱਜਣ ਲੱਗ

ਪਏ।੫।੪। ੩੪।